# ਦਫ਼ਤਰ ਡਿਪਟੀ ਕਮਿਸ਼ਨਰ, ਰੂਪਨਗਰ।

(ਫੁਟਕਲ ਸ਼ਾਖਾ)

**ਹੁਕਮ:**

ਜਿਲਾ ਸਿੱਖਿਆ ਅਫਸਰ (ਸੈ:ਸਿੱ), ਰੂਪਨਗਰ ਨੇ ਆਪਣੇ ਦਫਤਰ ਦੇ ਪੱਤਰ ਨੰ: ਜੀ-1/2018/998 ਮਿਤੀ 21-2-2018 ਰਾਹੀਂ ਮੇਰੇ ਧਿਆਨ ਵਿਚ ਲਿਆਂਦਾ ਕਿ ਪੰਜਾਬ ਸਰਕਾਰ ਵਲੋਂ ਅਧਿਆਪਕ ਯੋਗਤਾ ਟੈਸਟ ਪੀ.ਐਸ.ਟੀ.ਈ.ਟੀ ਮਿਤੀ 25-02-2018 (ਐਤਵਾਰ) ਨੂੰ ਜਿਲਾ ਰੂਪਨਗਰ ਵਿਖੇ ਸਥਾਪਿਤ ਕੀਤੇਂ ਪ੍ਰੀਖਿਆ ਕੇਦਰਾਂ ਵਿਚ ਨਿਮਨ ਲਿਖਤ ਸਕੂਲਾਂ ਵਿੱਚ ਲਿਆ ਜਾ ਰਿਹਾ ਹੈ।

1. ਡੀ.ਏ.ਵੀ.,ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਰੂਪਨਗਰ।
2. ਜੀ.ਐਮ.ਐਨ.ਸੀਨੀਅਰ ਸੈਕੰਡਰੀ ਸਕੂਲ, ਰੂਪਨਗਰ।
3. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ), ਰੂਪਨਗਰ।
4. ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਰੂਪਨਗਰ
5. ਸੰਤ ਕਰਮ ਸਿੰਘ ਅਕੈਡਮੀ, ਰੂਪਨਗਰ।
6. ਜੀਨੀਅਸ ਇੰਨਟਰਨੈਸ਼ਨਲ ਸਕੂਲ, ਰੂਪਨਗਰ।
7. ਸਹਿਬਜਾਦਾ ਅਜੀਤ ਸਿੰਘ ਅਕੈਡਮੀ, ਰੂਪਨਗਰ।
8. ਸਿਵਾਲਿਕ ਪਬਲਿਕ ਸਕੂਲ, ਰੂਪਨਗਰ।
9. ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ),ਰੂਪਨਗਰ।

ਇਨ੍ਹਾਂ ਪ੍ਰੀਖਿਆਵਾਂ ਦੇ ਸੁਚੱਜੇ ਸੰਚਾਲਣ ਲਈ ਪ੍ਰੀਖਿਆ ਕੇਂਦਰਾਂ ਦੇ ਇਰਦ ਗਿਰਦ ਧਾਰਾ 144 ਸੀ.ਆਰ.ਪੀ.ਸੀ., ਲਗਾਉਣ ਦੀ ਲੋੜ ਮਹਿਸੂਸ ਕੀਤੀ ਗਈ ਹੈ ਤਾਂ ਜੋ ਪ੍ਰੀਖਿਆ ਕੇਂਦਰਾਂ ਦੇ ਨੇੜੇ ਪ੍ਰੀਖਿਆਰਥੀਆਂ/ਅਧਿਆਪਕਾਂ ਦੇ ਮਾਤਾ ਪਿਤਾ/ ਰਿਸ਼ਤੇਦਾਰ/ਮਿੱਤਰ ਆਦਿ ਇੱਕਠੇ ਨਾ ਹੋਣ ਅਤੇ ਕੋਈ ਅਜਿਹੀ ਅਣਸੁਖਾਵੀ ਘਟਨਾ ਨਾ ਵਾਪਰੇ, ਜਿਸ ਨਾਲ ਕਿ ਪ੍ਰੀਖਿਆਵਾਂ ਵਿੱਚ ਕੋਈ ਵਿਘਨ ਨਾ ਪਵੇ ਅਤੇ ਅਮਨ ਅਤੇ ਕਾਨੂੰਨ ਦੀ ਸਥਿਤੀ ਨਾ ਵਿਗੜੇ।

ਇਸ ਲਈ ਮੈਂ ਗੁਰਨੀਤ ਤੇਜ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਰੂਪਨਗਰ ਜ਼ੇਰ ਧਾਰਾ 144 ਸੀ.ਆਰ.ਪੀ.ਸੀ. ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਸਰਕਾਰ ਵਲੋਂ ਅਧਿਆਪਕ ਯੋਗਤਾ ਟੈਸਟ ਪੀ.ਐਸ.ਟੀ.ਈ.ਟੀ. ਮਿਤੀ 25-02-2018(ਐਤਵਾਰ) ਲਈ ਜਿਲਾ ਰੂਪਨਗਰ ਵਿਖੇ ਸਥਾਪਿਤ ਕੀਤੇ ਪ੍ਰੀਖਿਆ ਕੇਦਰਾਂ ਦੇ 100 ਮੀਟਰ ਦੇ ਘੇਰੇ ਅੰਦਰ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇੱਕਠੇ ਹੋਣ ਤੇ ਪੂਰਨ ਪਾਬੰਦੀ ਲਗਾਉਂਦੀ ਹਾਂ। ਇਹ ਪਾਬੰਦੀ ਇਨ੍ਹਾਂ ਸਕੂਲਾਂ ਦੇ ਟੀਚਰਾਂ/ਸਟਾਫ ਤੇ ਲਾਗੂ ਨਹੀ ਹੋਵੇਗੀ ਅਤੇ ਨਾ ਹੀ ਉਹਨਾਂ ਵਿਦਿਆਰਥੀਆਂ ਤੇ ਹੋਵੇਗੀ ਜਿਨ੍ਹਾਂ ਦਾ ਪ੍ਰੀਖਿਆ ਸੈਂਟਰ ਇਹਨਾਂ ਸਕੂਲਾਂ ਵਿੱਚ ਬਣਿਆ ਹੋਇਆ ਹੈ। ਇਹ ਹੁਕਮ **ਮਿਤੀ 25-02-2018 ਨੂੰ ਲਾਗੂ** ਰਹਿਣਗੇ।

ਇਹ ਹੁਕਮ ਅੱਜ ਮਿਤੀ 22-02-2018 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਹੇਠ ਜਾਰੀ ਹੋਇਆ।

ਸਤਯਮੇਵ ਜਯਤੇ
ਰੂਪਨਗਰ।

ਸਹੀ/
ਗੁਰਨੀਤ ਤੇਜ, ਆਈ.ਏ.ਐਸ.,
ਜਿਲ੍ਹਾ ਮੈਜਿਸਟਰੇਟ,ਰੂਪਨਗਰ।

ਪਿੱਠ ਅੰਕਣ ਨੰ: 4932-81 /ਫਸ ਮਿਤੀ 23/2/18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ।
3. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜਾਦਾ ਅਜੀਤ ਸਿੰਘ ਨਗਰ (ਕਾਰਜ ਸੰਚਾਲਨ ਸ਼ਾਖਾ)
4. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
5. ਜਿਲ੍ਹਾ ਤੇ ਸ਼ੈਸ਼ਨ ਜੱਜ, ਰੂਪਨਗਰ।
6. ਸਮੂਹ ਜਿਲ੍ਹਾ ਮੈਜਿਸਟਰੇਟ, ਐਸ.ਏ.ਐਸ. ਨਗਰ(ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ, ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ
7. ਸੀਨੀਅਰ ਪੁਲਿਸ ਕਪਤਾਨ, ਰੂਪਨਗਰ। (20 ਕਾਪੀਆਂ)
8. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ ਨੰਗਲ/ਮੋਰਿੰਡਾ
9. ਜਿਲ੍ਹਾ ਸਿੱਖਿਆ ਅਫਸਰ,(ਸੈਕੰਡਰੀ/ਪ੍ਰਾਇਮਰੀ) ਰੂਪਨਗਰ।
10. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ।(05 ਕਾਪੀਆ)
11. ਪੀ.ਏ. ਟੂ ਡੀ.ਐਮ./ਏ.ਡੀ.ਐਮ./ਸਟੈਨੋ ਟੂ ਸ.ਕ.(ਜਨਰਲ)
12. DIO/Rupnagar

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਕਮਿਸ਼ਨਰ(ਜਨ)
ਵਾ: ਜਿਲ੍ਹਾ ਮੈਜਿਸਟਰੇਟ,
ਰੂਪਨਗਰ।